# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 17-02-2025**

- ਉਪ-ਰਾਸ਼ਟਰਪਤੀ ਸ੍ਰੀ ਜਗਦੀਪ ਧਨਖੜ ਦਾ ਕਹਿਣਾ ਏ ਕਿ ਰਾਸ਼ਟਰ ਹਿੱਤ ਤੋਂ ਉਪਰ ਕੁਝ ਵੀ ਨਹੀਂ ਏ. ਓਹਨਾਂ ਅੱਜ ਨੈਸ਼ਨਲ ਐਗਰੀ-ਫੂਡ ਐਂਡ ਬਾਇਓ-ਮੈਨਿਊ-ਫੈਕਚਰਿੰਗ ਇੰਸਟੀਚਿਊਟ (NABI) ਮੋਹਾਲੀ ਵਿਖੇ Advanced Entrepreneurship And Skill Development Programme ਕੈਂਪਸ ਦਾ ਉਦਘਾਟਨ ਕੀਤਾ.
- ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਕਹਿਣਾ ਏ ਕਿ ਰਾਸ਼ਟਰੀ ਸਿਖਿਆ ਨੀਤੀ ਨੌਕਰੀ ਲੱਭਣ ਵਾਲਿਆਂ ਅਤੇ ਨੌਕਰੀਆਂ ਪੈਦਾ ਕਰਨ ਵਾਲਿਆਂ ਨੂੰ ਨੁਹਾਰ ਦਏਗੀ.
- ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਅਨਾਜ ਦੇ ਸਟਾਕ ਨੂੰ ਤਬਦੀਲ ਕਰਨ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਲਈ ਕਿਹਾ
- ਭ੍ਰਿਸ਼ਟਾਚਾਰ ਖ਼ਿਲਾਫ਼ ਪੰਜਾਬ ਸਰਕਾਰ ਦੀ ਵੱਡੀ ਕਾਰਵਾਈ, ਮੁਕਤਸਰ ਦੇ ਡੀ.ਸੀ. ਨੂੰ ਮੁਅੱਤਲ ਕੀਤਾ ਗਿਆ.

- ਆਯੁਸ਼ ਮੰਤਰਾਲੇ ਨੇ ਅੰਤਰਰਾਸ਼ਟਰੀ ਯੋਗ ਦਿਵਸ 2025 ਲਈ ਵੱਕਾਰੀ ਪ੍ਰਧਾਨ ਮੰਤਰੀ ਯੋਗ ਅਵਾਰਡਾਂ ਲਈ ਨਾਮਜ਼ਦਗੀਆਂ ਦੀ ਸ਼ੁਰੂਆਤ ਦਾ ਐਲਾਨ ਕੀਤਾ ਏ।

---------------------------------------------------------------

ਭਾਰਤ ਦੇ ਉਪ-ਰਾਸ਼ਟਰਪਤੀ ਸ਼੍ਰੀ ਜਗਦੀਪ ਧਨਖੜ ਨੇ ਕਿਹਾ ਏ ਕਿ ਇਹ ਸਦੀ ਭਾਰਤ ਦੀ ਏ। ਇਸ ਬਾਰੇ ਸਾਡੇ ਦੇਸ਼ ਵਿੱਚ ਕੁਝ ਲੋਕਾਂ ਨੂੰ ਛੱਡ ਕੇ ਹੋਰ ਕਿਸੇ ਨੂੰ ਕੋਈ ਸ਼ੱਕ ਨਹੀਂ ਏ. ਉਨ੍ਹਾਂ ਕਿਹਾ ਕਿ ਓਹ ਅਜਿਹੇ ਲੋਕਾਂ ਨੂੰ ਅਪੀਲ ਕਰਦੇ ਨੇ ਕਿ ਉਹ ਰਾਸ਼ਟਰ ਪਹਿਲਾਂ ਦੇ ਸਿਧਾਂਤ ਵਿੱਚ ਵਿਸ਼ਵਾਸ ਰੱਖਣ ਅਤੇ ਇਸ ਵਿਚਾਰਧਾਰਾ ਨੂੰ ਮੰਨਣ ਕਿ ਕੋਈ ਵੀ ਹਿੱਤ – ਭਾਵੇਂ ਓਹ ਨਿੱਜੀ ਹੋਵੇ ਜਾਂ ਰਾਜਨੀਤਿਕ, ਰਾਸ਼ਟਰੀ ਹਿੱਤਾਂ ਤੋਂ ਉੱਚਾ ਨਹੀਂ ਏ। ਅੱਜ ਨੈਸ਼ਨਲ ਐਗਰੀ-ਫੂਡ ਐਂਡ ਬਾਇਓ-ਮੈਨਿਊ-ਫੈਕਚਰਿੰਗ ਇੰਸਟੀਚਿਊਟ (NABI) ਮੋਹਾਲੀ ਵਿਖੇ Advanced Entrepreneurship And Skill Development Programme (A-ESDP) ਕੈਂਪਸ ਦੇ ਉਦਘਾਟਨ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਇੱਕ ਕਿਸਾਨ ਦਾ ਪੁੱਤਰ ਹੋਣ ਦੇ ਨਾਤੇ ਉਹ ਸਮਝਦੇ ਨੇ ਕਿ ਦੇਸ਼ ਦੀ ਆਤਮਾ ਪਿੰਡਾਂ ਵਿੱਚ ਵਸਦੀ ਏ ਤੇ ਵਿਕਸਤ ਭਾਰਤ ਦਾ ਰਾਹ ਇਸ ਦੇ ਪਿੰਡਾਂ ਵਿੱਚੋਂ ਹੋ ਕੇ ਲੰਘਦਾ ਏ। ਇੱਕ ਵਿਕਸਤ ਭਾਰਤ ਹੁਣ ਸਿਰਫ਼ ਇੱਕ ਸੁਪਨਾ ਨਹੀਂ ਰਿਹਾ ਸਗੋਂ ਇਹ ਸਾਡਾ ਟੀਚਾ ਏ। ਉਪ ਰਾਸ਼ਟਰਪਤੀ ਨੇ

ਸੂਖਮ-ਸਨਅਤਾਂ ਰਾਹੀਂ ਪੇਂਡੂ ਆਰਥਿਕਤਾਵਾਂ ਨੂੰ ਮੁੜ ਸੁਰਜੀਤ ਕਰਨ ਦਾ ਸੱਦਾ ਦਿੱਤਾ ਜੋ ਖੇਤੀਬਾੜੀ ਅਤੇ ਡੇਅਰੀ ਉਤਪਾਦਾਂ ਵਿੱਚ ਮੁੱਲ ਜੋੜਦੇ ਨੇ. ਇਹ ਇੱਕ ਨਿਰੰਤਰ ਰਹਿਣ ਯੋਗ ਸਮਾਜ ਨੂੰ ਵਿਕਸਤ ਕਰਨ ਵਿੱਚ ਮਦਦ ਕਰੇਗਾ ਅਤੇ ਪੌਸ਼ਟਿਕ ਭੋਜਨ ਦੀ ਗੁਣਵਤਾ ਵਧੇਗੀ. ਓਹਨਾਂ ਜ਼ੋਰ ਦੇ ਕੇ ਕਿਹਾ ਕਿ ਕੁਸ਼ਲਤਾ ਅਤੇ ਉਤਪਾਦਕਤਾ ਨੂੰ ਬਿਹਤਰ ਬਣਾਉਣ ਲਈ ਤ੍ਕਨੌਲ੍ਜੀ ਨੂੰ ਖੇਤੀਬਾੜੀ ਢੰਗ – ਤਰੀਕਿਆਂ ਵਿੱਚ ਜੋੜਿਆ ਜਾਣਾ ਚਾਹੀਦਾ ਏ ਅਤੇ ਇਸ ਨੂੰ ਪਿੰਡਾਂ ਤੱਕ ਵੀ ਪਹੁੰਚਾਉਣਾ ਹੋਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਖੇਤੀਬਾੜੀ ਨੀਤੀਆਂ ਬਹੁਤ ਮਦਦਗਾਰ ਨੇ ਅਤੇ ਕਿਸਾਨ ਨੂੰ ਇਨ੍ਹਾਂ ਬਾਰੇ ਜਾਣਨਾ ਜ਼ਰੂਰੀ ਏ । ਉਨ੍ਹਾਂ ਕਿਹਾ ਕਿ ਸਰਕਾਰ ਸਾਡੇ ਕਿਸਾਨਾਂ ਨੂੰ ਬਿਹਤਰੀਨ ਹੀ ਮੁਹਇਆ ਕਰਾਉਣਾ ਚਾਹੁੰਦੀ ਏ.

---------------------------------------------------------

ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਕਿਹਾ ਏ ਕਿ ਰਾਸ਼ਟਰੀ ਸਿੱਖਿਆ ਨੀਤੀ NEP ਦੇ ਤਹਿਤ ਦੋ ਨਵੀਆਂ ਵਿਸ਼ੇਸ਼ਤਾਵਾਂ ਸ਼ਾਮਲ ਕੀਤੀਆਂ ਗਈਆਂ ਨੇ ਜੋ ਨਾ ਸਿਰਫ ਨੌਕਰੀ ਲੱਭਣ ਵਾਲਿਆਂ ਨੂੰ ਸਗੋਂ ਨੌਕਰੀਆਂ ਪੈਦਾ ਕਰਨ ਵਾਲਿਆਂ ਨੂੰ ਵੀ ਨੁਹਾਰ ਦੇਣਗੀਆਂ । ਨਵੀਂ ਦਿੱਲੀ ਵਿੱਚ ਦਿੱਲੀ ਯੂਨੀਵਰਸਿਟੀ ਦੇ ਹਿੰਦੂ ਕਾਲਜ ਦੇ 126ਵੇਂ ਸਥਾਪਨਾ

ਦਿਵਸ ਨੂੰ ਸੰਬੋਧਨ ਕਰਦਿਆਂ, ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਦੇਸ਼ ਦੇ ਨੌਜਵਾਨਾਂ ਨੂੰ ਨੌਕਰੀ ਦੀ ਸੁਰੱਖਿਆ, ਚੰਗੇ ਜੀਵਨ, ਆਰਥਿਕ ਸ਼ਕਤੀਕਰਨ ਦੀ ਜ਼ਰੂਰਤ ਏ। ਸ੍ਰੀ ਪ੍ਰਧਾਨ ਨੇ ਅੱਗੇ ਕਿਹਾ ਕਿ ਦੇਸ਼ ਭਰ ਵਿੱਚ ਖੋਜ ਨੂੰ ਉਤਸ਼ਾਹਿਤ ਕਰਨ ਲਈ ਇੱਕ ਵੱਖਰੀ ਨੀਂਹ ਰੱਖੀ ਜਾਵੇਗੀ- BYTE ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਨੇ Anusandhan National Research Foundation ਬਣਾਈ ਏ ਅਤੇ ਭਾਰਤੀ ਸਨਅਤ ਲਈ ਇੱਕ ਲੱਖ ਕਰੋੜ ਰੁਪਏ ਦਾ ਵਿਆਜ ਮੁਕਤ ਕਰਜ਼ਾ ਉਪਲਬਧ ਏ। ਮੰਤਰੀ ਨੇ ਵਿਦਿਆਰਥੀਆਂ ਨੂੰ ਖੋਜ ਅਤੇ ਨਵੀਆਂ ਕਾਢਾਂ ਲਈ ਫੰਡਾਂ ਦੀ ਵਰਤੋਂ ਕਰਨ ਦੀ ਅਪੀਲ ਕੀਤੀ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਨੇ ਕਿ ਸੂਬੇ ਵਿੱਚ ਅਨਾਜ ਦੇ ਸਟਾਕ ਨੂੰ ਤਬਦੀਲ ਕਰਨ ਦੀ ਪ੍ਰਕਿਰਿਆ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇ ਤਾਂ ਜੋ ਭਵਿੱਖ ਵਿੱਚ ਅਨਾਜ ਦੇ ਭੰਡਾਰਨ ਵਿੱਚ ਕੋਈ ਸਮੱਸਿਆ ਨਾ ਆਵੇ ਅਤੇ ਖ਼ਰੀਦ ਪ੍ਰਕਿਰਿਆ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਨੇਪਰੇ ਚੜ੍ਹ ਸਕੇ। ਆਪਣੀ ਸਰਕਾਰੀ ਰਿਹਾਇਸ਼ ਵਿਖੇ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੀ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ

ਕਿ ਪਿਛਲੇ ਸੀਜ਼ਨ ਦੌਰਾਨ ਸਟੋਰੇਜ ਦੀ ਘਾਟ ਕਾਰਨ ਮੰਡੀਆਂ ਵਿੱਚ ਖ਼ਰੀਦ ਤੇ ਚੁਕਾਈ ਉਤੇ ਮਾੜਾ ਪ੍ਰਭਾਵ ਪਿਆ ਸੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਆਉਣ ਵਾਲੇ ਮਹੀਨਿਆਂ ਵਿੱਚ ਪੰਜਾਬ ਵਿੱਚ 60 ਲੱਖ ਮੀਟਰਿਕ ਟਨ ਅਨਾਜ ਭੰਡਾਰ ਕਰਨ ਦੀ ਪ੍ਰਕਿਰਿਆ ਪਹਿਲਾ ਹੀ ਵਿੱਢੀ ਹੋਈ ਏ । ਮੁਖ ਮੰਤਰੀ ਨੇ ਕਿਹਾ ਕਿ ਪੰਜਾਬ ਕੌਮੀ ਖੁਰਾਕ ਸੁਰੱਖਿਆ ਲਈ ਅਨਾਜ ਪੈਦਾ ਕਰਦਾ ਏ ਅਤੇ ਸੂਬਾ ਸਰਕਾਰ ਦਾ ਇਹ ਫ਼ਰਜ਼ ਬਣਦਾ ਏ ਕਿ ਇਹ ਖ਼ਰੀਦ ਦੀ ਰੁਤ ਦੌਰਾਨ ਅਨਾਜ ਦੀ ਵਿਕਰੀ ਵਿੱਚ ਕਿਸਾਨਾਂ ਨੂੰ ਕੋਈ ਦਿੱਕਤ ਨਾ ਆਉਣ ਦੇਵੇ। ਓਹਨਾਂ ਕਿਹਾ ਕਿ ਇਸ ਲਈ ਜ਼ਰੂਰੀ ਏ ਕਿ ਭੰਡਾਰਨ ਲਈ ਢੁਕਵੀਂ ਥਾਂ ਰੱਖੀ ਜਾਵੇ ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਉਣੀ ਖ਼ਰੀਦ ਸੀਜ਼ਨ 2024-25 ਦੌਰਾਨ ਸੂਬੇ ਵਿੱਚ 171.86 ਲੱਖ ਮੀਟਰਿਕ ਟਨ ਝੋਨੇ ਦੀ ਪੈਦਾਵਾਰ ਹੋਈ, ਜਿਸ ਵਿੱਚੋਂ 116.30 ਲੱਖ ਮੀਟਰਿਕ ਟਨ ਚੌਲ ਦੀ ਡਿਲਵਰੀ ਹੋਣੀ ਏ. ਭਗਵੰਤ ਸਿੰਘ ਮਾਨ ਨੇ ਦੁਹਰਾਇਆ ਕਿ ਆਗਾਮੀ ਖ਼ਰੀਦ ਸੀਜ਼ਨ ਵਿੱਚ ਅਨਾਜ ਦੀ ਨਿਰਵਿਘਨ ਤੇ ਸੁਚਾਰੂ ਖ਼ਰੀਦ ਤੇ ਚੁਕਾਈ ਯਕੀਨੀ ਬਣਾਉਣ ਲਈ ਸੂਬਾ ਸਰਕਾਰ ਵਚਨਬੱਧ ਏ।

---------------------------------------------------------

ਕੋਟਕਪੂਰਾ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਪੀਣ ਵਾਲੇ ਪਾਣੀ ਦੀ

ਸਪਲਾਈ ਵਿੱਚ ਵਾਧਾ ਕਰਨ ਲਈ 12 ਕਰੋੜ ਰੁਪਏ ਦੀ ਹੋਰ ਰਕਮ ਖਰਚ ਕੀਤੀ ਜਾਵੇਗੀ। ਇਹ ਜਾਣਕਾਰੀ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸਥਾਨਕ ਨਗਰ ਕੌਂਸਲ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸ਼ਹਿਰ ਦੇ ਵਿਕਾਸ ਕਾਰਜਾਂ ਸਬੰਧੀ ਮੀਟਿੰਗ ਉਪਰੰਤ ਦਿੱਤੀ। ਇਸ ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਸ਼੍ਰੀ ਵਿਨੀਤ ਕੁਮਾਰ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਕੋਟਕਪੂਰਾ ਵਿਧਾਨ ਸਭਾ ਹਲਕੇ ਦੇ ਹੋਣ ਵਾਲੇ ਅਤੇ ਹੋ ਰਹੇ ਵਿਕਾਸ ਕਾਰਜਾਂ ਸਬੰਧੀ ਵੇਰਵੇ ਨਾਲ ਜਾਣਕਾਰੀ ਸਾਂਝੀ ਕੀਤੀ। ਸ਼੍ਰੀ ਸੰਧਵਾਂ ਨੇ ਕਿਹਾ ਕਿ ਕੋਟਕਪੂਰਾ ਸ਼ਹਿਰ ਵਿੱਚ ਪੀਣ ਵਾਲੇ ਪਾਣੀ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਤੇ ਇਸ ਲਈ ਮੁਕਤਸਰ ਰੋਡ, ਮੋਗਾ ਰੋਡ, ਸਿੱਖਾਂਵਾਲਾ ਰੋਡ ਸਮੇਤ ਹੋਰ ਇਲਾਕਿਆਂ ਵਿੱਚ ਪੀਣ ਵਾਲੇ ਪਾਣੀ ਦੀ 31 ਕਿਲੋਮੀਟਰ ਦੇ ਕਰੀਬ ਪਾਈਪ ਲਾਈਨ ਵਿਛਾਈ ਜਾਵੇਗੀ ਜਿਸ ਤੇ 12 ਕਰੋੜ ਰੁਪਏ ਖਰਚ ਆਏਗਾ ਤੇ ਇਸ ਕੰਮ ਦੇ ਟੈਂਡਰ ਲਾ ਦਿੱਤੇ ਗਏ ਨੇ. ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਪੀਣ ਵਾਲੇ ਪਾਣੀ ਦੀ ਕਿੱਲਤ ਦੂਰ ਕਰਨ ਲਈ ਵੱਖ-ਵੱਖ ਵਾਟਰ ਸਪਲਾਈ ਸਕੀਮਾਂ ਦੀ ਸਮਰੱਥਾ ਹੋਰ ਵਧਾਈ ਜਾਵੇ। ਸ਼੍ਰੀ ਸੰਧਵਾਂ ਨੇ ਸ਼ਹਿਰ ਵਿਚਲੇ ਛੱਪੜਾਂ ਦੀ ਨਿਸ਼ਾਨਦੇਹੀ ਕਰਵਾਉਣ ਉਪਰੰਤ ਉਨ੍ਹਾਂ ਦੀ ਸਾਫ ਸਫਾਈ ਤੇ ਸੁੰਦਰਤਾ ਵਧਾਉਣ ਅਤੇ

ਪ੍ਰਧਾਨ ਮੰਤਰੀ ਆਵਾਸ ਯੋਜਨਾ ਸ਼ਹਿਰੀ ਤਹਿਤ ਗਰੀਬ ਤਬਕੇ ਦੇ ਲੋਕਾਂ ਨੂੰ ਰਿਹਾਇਸ਼ੀ ਮਕਾਨ ਬਣਾਉਣ ਦੀ ਯੋਜਨਾ ਨੂੰ ਅਮਲੀ ਜਾਮਾ ਪਹਿਨਾਉਣ ਦੀ ਹਦਾਇਤ ਕੀਤੀ।

---------------------------------------------------------------

ਪੰਜਾਬ ਵਿੱਚ ਭ੍ਰਿਸ਼ਟ ਅਧਿਕਾਰੀਆਂ ਵਿਰੁੱਧ ਵੱਡੀ ਕਾਰਵਾਈ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਵੱਢੀਖੋਰੀ ਦੀਆਂ ਸ਼ਿਕਾਇਤਾਂ ਮਿਲਣ ਮਗਰੋਂ ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੂੰ ਮੁਅੱਤਲ ਕਰ ਦਿੱਤਾ ਏ । ਤ੍ਰਿਪਾਠੀ, ਪੰਜਾਬ ਕੈਡਰ ਦੇ 2016 ਬੈਚ ਦੇ IAS ਅਧਿਕਾਰੀ ਨੇ.
ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਅੱਜ ਦੱਸਿਆ ਏ ਕਿ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਨੂੰ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਮੁਤਾਬਿਕ ਸੂਬਾ ਸਰਕਾਰ ਨੇ ਹਾਲ ਹੀ ਵਿੱਚ ਸਾਰੇ ਅਧਿਕਾਰੀਆਂ ਨੂੰ ਵਿਸਥਾਰ ਪੂਰਨ ਹਦਾਇਤਾਂ ਜਾਰੀ ਕੀਤੀਆਂ ਸਨ। ਇਨ੍ਹਾਂ ਹਦਾਇਤਾਂ ਮੁਤਾਬਕ ਪੰਜਾਬ ਸਰਕਾਰ ਨੇ ਕਿਹਾ ਸੀ ਕਿ ਅਧਿਕਾਰੀਆਂ ਨੂੰ ਹੋਰ ਜ਼ਿਆਦਾ ਜਵਾਬਦੇਹ ਤੇ ਕਾਰਜ ਕੁਸ਼ਲ ਬਣਾਉਣ ਲਈ ਹਰੇਕ ਡਿਪਟੀ ਕਮਿਸ਼ਨਰ, ਐਸ.ਐਸ.ਪੀ., ਐਸ.ਡੀ.ਐਮ., ਤਹਿਸੀਲਦਾਰ, ਨਾਇਬ ਤਹਿਸੀਲਦਾਰ, ਐਸ.ਪੀ., ਡੀ.ਐਸ.ਪੀ., ਐਸ.ਐਚ.ਓ. ਅਤੇ ਹੋਰ ਫੀਲਡ ਅਧਿਕਾਰੀਆਂ ਤੇ ਮੁਲਾਜ਼ਮਾਂ ਬਾਰੇ ਨਾ ਸਿਰਫ਼ ਆਮ ਲੋਕਾਂ

ਤੋਂ, ਸਗੋਂ ਚੁਣੇ ਹੋਏ ਨੁਮਾਇੰਦਿਆਂ ਸੰਸਦ ਮੈਂਬਰਾਂ ਅਤੇ ਵਿਧਾਇਕਾਂ ਤੋਂ ਪ੍ਰਤੀਕਰਮ ਵੀ ਲਿਆ ਜਾਵੇਗਾ। ਇਸੇ ਤਰ੍ਹਾਂ ਲੋਕਾਂ ਦੇ ਪ੍ਰਤੀਕਰਮ ਦੇ ਆਧਾਰ 'ਤੇ ਸੂਬਾ ਸਰਕਾਰ ਨੇ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਵਿਰੁੱਧ ਸਖ਼ਤ ਕਾਰਵਾਈ ਕੀਤੀ ਏ। ਸੂਬਾ ਸਰਕਾਰ ਨੂੰ ਡਿਪਟੀ ਕਮਿਸ਼ਨਰ ਖ਼ਿਲਾਫ਼ ਭ੍ਰਿਸ਼ਟਾਚਾਰ ਦੀਆਂ ਗੰਭੀਰ ਸ਼ਿਕਾਇਤਾਂ ਮਿਲੀਆਂ ਸਨ, ਜਿਸ ਤੋਂ ਬਾਅਦ ਅਧਿਕਾਰੀ ਖ਼ਿਲਾਫ਼ ਡੂੰਘਾਈ ਨਾਲ ਜਾਂਚ ਕੀਤੀ ਗਈ। ਮੁੱਢਲੀ ਜਾਂਚ ਦੇ ਆਧਾਰ 'ਤੇ ਸੂਬਾ ਸਰਕਾਰ ਨੇ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਏ। ਉਨ੍ਹਾਂ ਖ਼ਿਲਾਫ਼ ਵਿਜੀਲੈਂਸ ਜਾਂਚ ਦਾ ਹੁਕਮ ਵੀ ਦੇ ਦਿੱਤਾ ਗਿਆ ਏ। ਇਸ ਦੌਰਾਨ ਪੰਜਾਬ ਸਰਕਾਰ ਵੱਲੋਂ ਤ੍ਰਿਪਾਠੀ ਦੀ ਥਾਂ ਅਭੀਜੀਤ ਕਪ੍ਲੀਸ਼ ਨੂੰ ਮੁਕਤਸਰ ਦਾ ਨਵਾਂ ਡਿਪਟੀ ਕਮਿਸ਼ਨਰ ਨਿਯੁਕਤ ਕਰ ਦਿੱਤਾ ਏ.

--------------------------------------------------

ਆਯੁਸ਼ ਮੰਤਰਾਲੇ ਨੇ ਅੰਤਰਰਾਸ਼ਟਰੀ ਯੋਗ ਦਿਵਸ 2025 ਲਈ ਵੱਕਾਰੀ ਪ੍ਰਧਾਨ ਮੰਤਰੀ ਯੋਗ ਅਵਾਰਡਾਂ ਲਈ ਨਾਮਜ਼ਦਗੀਆਂ ਦੀ ਸ਼ੁਰੂਆਤ ਦਾ ਐਲਾਨ ਕੀਤਾ ਏ। ਇਹ Award ਉਨ੍ਹਾਂ ਵਿਅਕਤੀਆਂ ਅਤੇ ਸੰਸਥਾਵਾਂ ਨੂੰ ਮਾਨਤਾ ਦਿੰਦੇ ਨੇ ਜਿਨ੍ਹਾਂ ਨੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਯੋਗ ਦੇ ਪ੍ਰਚਾਰ ਅਤੇ ਵਿਕਾਸ ਲਈ ਅਹਿਮ

ਅਤੇ ਨਿਰੰਤਰ ਯੋਗਦਾਨ ਪਾਇਆ ਏ। ਪ੍ਰਧਾਨ ਮੰਤਰੀ ਯੋਗ ਅਵਾਰਡਾਂ ਦਾ ਉਦੇਸ਼ ਬਿਮਾਰੀ ਦੀ ਰੋਕਥਾਮ, ਸਿਹਤ ਨੂੰ ਉਤਸ਼ਾਹਿਤ ਕਰਨਾ, ਅਤੇ ਜੀਵਨ-ਜਾਚ ਨਾਲ ਸਬੰਧਤ ਖਾਮੀਆਂ ਪ੍ਰਤੀ ਪ੍ਰਬੰਧ ਵਿੱਚ ਯੋਗ ਦੀ ਭੂਮਿਕਾ ਨੂੰ ਮਜ਼ਬੂਤ ਕਰਨਾ ਅਤੇ ਇਸ ਖੇਤਰ ਵਿੱਚ ਮਿਸਾਲੀ ਯੋਗਦਾਨ ਦਾ ਜਸ਼ਨ ਮਨਾਉਣਾ ਏ। ਇਹ AWARD, ਭਾਰਤ ਤੋਂ ਵਿਅਕਤੀਆਂ, ਭਾਰਤ ਤੋਂ ਸੰਗਠਨਾਂ, ਅੰਤਰਰਾਸ਼ਟਰੀ ਪਧਰ 'ਤੇ ਵਿਅਕਤੀਆਂ ਅਤੇ ਅੰਤਰਰਾਸ਼ਟਰੀ ਸੰਗਠਨਾਂ ਦੀ ਸ਼੍ਰੇਣੀਆਂ ਵਿੱਚ ਦਿੱਤੇ ਜਾਣਗੇ। ਹਰੇਕ ਜੇਤੂ ਨੂੰ ਟਰਾਫੀ, ਪ੍ਰਮਾਣ – ਪੱਤਰ ਅਤੇ 25 ਲੱਖ ਰੁਪਏ ਦਾ ਨਕਦ ਇਨਾਮ ਦਿੱਤਾ ਜਾਵੇਗਾ। ਅਰਜ਼ੀ ਦੇਣ ਵਾਲੇ ਵਿਅਕਤੀਆਂ ਦੀ ਉਮਰ 40 ਸਾਲ ਜਾਂ ਇਸ ਤੋਂ ਵੱਧ ਹੋਣੀ ਚਾਹੀਦੀ ਏ ਅਤੇ ਯੋਗ ਦੇ ਪ੍ਰਚਾਰ ਵਿੱਚ ਘੱਟੋ-ਘੱਟ 20 ਸਾਲ ਸਮਰਪਿਤ ਸੇਵਾ ਹੋਣੀ ਚਾਹੀਦੀ ਏ। ਅਰਜ਼ੀਆਂ ਅਤੇ ਨਾਮਜ਼ਦਗੀਆਂ MyGov ਪਲੇਟਫਾਰਮ ਰਾਹੀਂ ਇਸ ਸਾਲ 31 ਮਾਰਚ ਨੂੰ ਜਾਂ ਇਸ ਤੋਂ ਪਹਿਲਾਂ ਜਮ੍ਹਾਂ ਕੀਤੀਆਂ ਜਾ ਸਕਦੀਆਂ ਨੇ.

---------------------------------------------------

ਨੈਸ਼ਨਲ ਕੈਡੇਟ ਕੋਰ (ਐਨਸੀਸੀ) ਦੇ ਡਾਇਰੈਕਟਰ ਜਨਰਲ <u>ਲੈਫਟੀਨੈਂਟ ਜਨਰਲ ਗੁਰਬੀਰ-ਪਾਲ ਸਿੰਘ</u> ਨੇ ਚੰਡੀਗੜ੍ਹ ਦੇ ਕੇਂਦਰੀ ਸਦਨ ਵਿਖੇ ਪੰਜਾਬ, ਹਰਿਆਣਾ, ਹਿਮਾਚਲ ਅਤੇ ਚੰਡੀਗੜ੍ਹ

(ਪੀਐਚਐਚਪੀ ਐਂਡ ਸੀ) ਡਾਇਰੈਕਟੋਰੇਟ ਸਦਰ ਮੁਕਾਮ ਦਾ ਦੌਰਾ ਕੀਤਾ ਅਤੇ ਇਲਾਕੇ ਵਿੱਚ NCC ਗਤੀਵਿਧੀਆਂ ਦੀ ਸਮੀਖਿਆ ਕੀਤੀ. ਆਪਣੇ ਦੌਰੇ ਦੌਰਾਨ, ਲੈਫਟੀਨੈਂਟ ਜਨਰਲ ਗੁਰਬੀਰ-ਪਾਲ ਸਿੰਘ ਨੂੰ ਮੇਜਰ ਜਨਰਲ ਗੁਰਦੀਪ ਸਿੰਘ ਚੀਮਾ, ਵਧੀਕ ਡਾਇਰੈਕਟਰ ਜਨਰਲ ਵੱਲੋਂ ਚਾਰ ਰਾਜਾਂ ਵਿੱਚ ਐਨਸੀਸੀ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਗਈ। ਡੀਜੀ ਐਨਸੀਸੀ ਨੇ ਐਨਸੀਸੀ ਸਿਖਲਾਈ ਦਾ ਵੱਧ ਤੋਂ ਵੱਧ ਵਿਦਿਆਰਥੀਆਂ ਤਕ ਪਸਾਰ ਕਰਨ ਅਤੇ ਦੂਰ-ਦੁਰਾਡੇ ਦੇ ਇਲਾਕਿਆਂ ਤੱਕ NCC ਦੀ ਪਹੁੰਚ ਵਧਾਉਣ ਦੀ ਅਹਿਮੀਅਤ 'ਤੇ ਜ਼ੋਰ ਦਿੱਤਾ। ਕੈਡਿਟਾਂ, ਸਟਾਫ਼ ਅਤੇ ਸੰਬੰਧਿਤ NCC ਅਧਿਕਾਰੀਆਂ ਨਾਲ ਗੱਲਬਾਤ ਕਰਦੇ ਹੋਏ, ਡੀਜੀ ਐਨਸੀਸੀ ਨੇ ਹਾਲ ਹੀ ਵਿੱਚ ਸਮਾਪਤ ਹੋਈ ਗਣਤੰਤਰ ਦਿਵਸ ਪਰੇਡ, ਜਿੱਥੇ ਪੀਐਚ-ਐਚਪੀ ਐਂਡ ਸੀ ਡਾਇਰੈਕਟੋਰੇਟ ਦੀ ਟੀਮ 17 ਟੀਮਾਂ ਵਿੱਚੋਂ ਦੂਜੇ ਸਥਾਨ 'ਤੇ ਰਹੀ ਵਿਖੇ NCC ਕੈਡਿਟਾਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ. ਉਨ੍ਹਾਂ ਨੇ ਡਾਇਰੈਕਟੋਰੇਟ ਦੇ ਹੋਣਹਾਰ ਕੈਡਿਟਾਂ ਅਤੇ ਸਟਾਫ਼ ਨੂੰ ਪ੍ਰਸ਼ੰਸਾ ਪੱਤਰ, ਡੀਜੀ ਐਨਸੀਸੀ ਪਲੇਕ ਅਤੇ ਤਮਗੇ ਪ੍ਰਦਾਨ ਕੀਤੇ। ਲੈਫਟੀਨੈਂਟ ਜਨਰਲ ਗੁਰਬੀਰ-ਪਾਲ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਕੈਡੇਟ ਸਿਖਲਾਈ ਲਈ ਫੰਡਾਂ ਦੀ ਕੋਈ ਘਾਟ ਨਹੀਂ ਏ. ਉਨ੍ਹਾਂ ਅੱਗੇ ਕਿਹਾ ਕਿ ਐਨਸੀਸੀ ਸਾਡੇ ਦੇਸ਼ ਦੇ ਨੌਜਵਾਨਾਂ ਨੂੰ ਅਨੁਸ਼ਾਸਿਤ ਕਰਨ, ਅਤੇ

ਸਮਾਜਿਕ ਤੌਰ 'ਤੇ ਚੇਤੰਨ ਨਾਗਰਿਕਾਂ ਵਿੱਚ ਵਿਕਸਤ ਕਰਨ ਲਈ ਵਚਨਬੱਧ ਏ।

--------------------------------------------------------

- ਉਪ-ਰਾਸ਼ਟਰਪਤੀ ਸ੍ਰੀ ਜਗਦੀਪ ਧਨਖੜ ਦਾ ਕਹਿਣਾ ਏ ਕਿ ਰਾਸ਼ਟਰ ਹਿੱਤ ਤੋਂ ਉਪਰ ਕੁਝ ਵੀ ਨਹੀਂ ਏ. ਓਹਨਾਂ ਅੱਜ ਨੈਸ਼ਨਲ ਐਗਰੀ-ਫੂਡ ਐਂਡ ਬਾਇਓ-ਮੈਨਿਊ-ਫੈਕਚਰਿੰਗ ਇੰਸਟੀਚਿਊਟ (NABI) ਮੋਹਾਲੀ ਵਿਖੇ Advanced Entrepreneurship And Skill Development Programme ਕੈਂਪਸ ਦਾ ਉਦਘਾਟਨ ਕੀਤਾ.
- ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਕਹਿਣਾ ਏ ਕਿ ਰਾਸ਼ਟਰੀ ਸਿਖਿਆ ਨੀਤੀ ਨੌਕਰੀ ਲੱਭਣ ਵਾਲਿਆਂ ਅਤੇ ਨੌਕਰੀਆਂ ਪੈਦਾ ਕਰਨ ਵਾਲਿਆਂ ਨੂੰ ਨੁਹਾਰ ਦਏਗੀ.
- ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਅਨਾਜ ਦੇ ਸਟਾਕ ਨੂੰ ਤਬਦੀਲ ਕਰਨ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਲਈ ਕਿਹਾ
- ਭ੍ਰਿਸ਼ਟਾਚਾਰ ਖ਼ਿਲਾਫ਼ ਪੰਜਾਬ ਸਰਕਾਰ ਦੀ ਵੱਡੀ ਕਾਰਵਾਈ, ਮੁਕਤਸਰ ਦੇ ਡੀ.ਸੀ. ਨੂੰ ਮੁਅੱਤਲ ਕੀਤਾ ਗਿਆ.

- ਆਯੁਸ਼ ਮੰਤਰਾਲੇ ਨੇ ਅੰਤਰਰਾਸ਼ਟਰੀ ਯੋਗ ਦਿਵਸ 2025 ਲਈ ਵੱਕਾਰੀ ਪ੍ਰਧਾਨ ਮੰਤਰੀ ਯੋਗ ਅਵਾਰਡਾਂ ਲਈ ਨਾਮਜ਼ਦਗੀਆਂ ਦੀ ਸ਼ੁਰੂਆਤ ਦਾ ਐਲਾਨ ਕੀਤਾ ਏ।